ਨੰ: 1/32/2008-ਰਸ1/1411

ਪੰਜਾਬ ਸਰਕਾਰ

ਭਲਾਈ ਵਿਭਾਗ

(ਰਿਜ਼ਰਵੇਸ਼ਨ ਸੈਲ )

ਸੇਵਾ ਵਿਖੇ,

ਪੰਜਾਬ ਰਾਜ ਦੇ ਸਮੂਹ ਡਿਪਟੀ ਕਮਿਸ਼ਨਰਜ਼।

ਮਿਤੀ, ਚੰਡੀਗੜ੍ਹ: 17/11/08

ਵਿਸ਼ਾ :- ਮੁਸਲਿਮ ਧਰਮ ਨਾਲ ਸਬੰਧਤ ਪ੍ਰਾਰਥੀਆਂ ਨੂੰ ਅਨੁਸੂਚਿਤ ਜਾਤੀ ਸਰਟੀਫਿਕੇਟ ਜਾਰੀ ਕਰਨ ਸਬੰਧੀ ਸਪਸ਼ਟੀਕਰਨ ਦੇਣ ਬਾਰੇ।

*****

ਸ੍ਰੀਮਾਨ ਜੀ,

ਮੈਨੂੰ ਉਪਰੋਕਤ ਵਿਸ਼ੇ ਵੱਲ ਆਪ ਦਾ ਧਿਆਨ ਦਿਵਾਉਂਦੇ ਹੋਏ ਇਹ ਦੱਸਣ ਦੀ ਹਦਾਇਤ ਹੋਈ ਹੈ ਕਿ 'ਦੀ ਕੰਸਟੀਚੂਸ਼ਨ (ਸ਼ਡਿਊਲਡ ਕਾਸਟਸ) ਆਰਡਰ, 1950' ਅਨੁਸਾਰ ਕੇਵਲ ਹਿੰਦੂ, ਸਿੱਖ ਅਤੇ ਬੁੱਧ ਧਰਮ ਨਾਲ ਸੰਬਧਤ ਵਿਅਕਤੀਆਂ ਨੂੰ ਹੀ ਅਨੁਸੂਚਿਤ-ਜਾਤੀ ਸਰਟੀਫਿਕੇਟ ਜਾਰੀ ਕੀਤੇ ਜਾਣੇ ਹਨ। ਮੁਸਲਿਮ ਧਰਮ ਨਾਲ ਸਬੰਧਤ ਕਿਸੇ ਵੀ ਵਿਅਕਤੀ, ਭਾਵੇਂ ਉਸ ਦੀ ਜਾਤੀ ਅਨੁਸੂਚਿਤ-ਜਾਤੀ ਸੂਚੀ ਵਿੱਚ ਸ਼ਾਮਿਲ ਵੀ ਕਿਉਂ ਨਾ ਹੋਵੇ, ਨੂੰ ਅਨੁਸੂਚਿਤ ਜਾਤੀ ਸਰਟੀਫਿਕੇਟ ਜਾਰੀ ਨਹੀਂ ਕੀਤਾ ਜਾਣਾ।

ਸੰਯੁਕਤ ਸਕੱਤਰ ਭਲਾਈ

ਪਿੱ:ਅੰ:ਨੰ: 1/32/2008 -ਰਸ1/ ਮਿਤੀ, ਚੰਡੀਗੜ੍ਹ:

ਉਤਾਰਾ ਡਾਇਰੈਕਟਰ, ਅਨੁਸੂਚਿਤ ਜਾਤੀਆਂ ਤੇ ਪੱਛੜੀਆਂ ਸ਼੍ਰੇਣੀਆਂ ਭਲਾਈ ਵਿਭਾਗ , ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: ਸ-26/612, ਮਿਤੀ 16.7.2008 ਦੇ ਹਵਾਲੇ ਵਿੱਚ ਸੂਚਨਾਂ ਅਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੰਯੁਕਤ ਸਕੱਤਰ ਭਲਾਈ